# ਸੋਮਵਾਰ 14 ਮਈ 2018 ਤੋਂ ਐਤਵਾਰ 20 ਮਈ 2018 ਤੱਕ

- **15.5.18 ਮੰਗਲਵਾਰ:-** ਸੰਗ੍ਰਾਂਦ ਜੇਠ ਦੀ।
- **16.5.18 ਬੁੱਧਵਾਰ: - 4.30 ਵਜ਼ੇ:-** ਸਾਧ ਸੰਗਤ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ 4.30 ਵਜ਼ੇ ਹੋਣਗੇ , ਰਹਿਰਾਸ ਦੇ ਪਾਠ ਉਪਰੰਤ ਦੀਵਾਨ ਸੱਜਣਗੇ ਹਜੂਰੀ ਜਥਾ ਕੀਰਤਨ ਕਰੇਗਾ ਬਾਅਦ ਵਿਚ ਹੈਡ ਗ੍ਰੰਥੀ ਗਿਆਨੀ ਗੁਰਮੀਤ ਸਿੰਘ ਜੀ ਕਥਾ ਕਰਨਗੇ ਅਤੇ ਸਾਰੀ ਹੋਵੇਗੀ ਦੇਗਾਂ ਦੀਆਂ ਸੇਵਾਵਾਂ: - ਸ੍ਰ: ਮਨਜੀਤ ਸਿੰਘ ਸੇਖੋਂ, ਸ੍ਰ: ਅਮਰਜੀਤ ਸਿੰਘ , ਸ੍ਰ:ਹਰਜਿੰਦਰ ਸਿੰਘ ਅਤੇ ਬੀਬੀ ਤਰਸੇਮ ਕੌਰ, ਬੀਬੀ ਪਵਨਦੀਪ ਕੌਰ, ਹੀਰਾ ਜਵੈਲਰ, ਨੀਲ ਕਮਲ ਸ ਬਿਕ੍ਰਮਜੀਤ ਸਿੰਘ ਥਾਂਦੀ ਅਤੇ ਬੀਬੀ ਰਣਜੀਤ ਕੌਰ ਅਤੇ ਸ੍ਰ ਸੁਚਾ ਸਿੰਘ ਬੈਂਸ ਪਰਿਵਾਰਾਂ ਵਲੋਂ ਹੋਣਗੀਆਂ।

- **17.5.18 ਵੀਰਵਾਰ:- 6.00 ਵੱਜ਼ੇ:-** ਰਹਿਰਾਸ ਸਾਹਿਬ ਦੇ ਪਾਠ ਹੋਣਗੇ ਉਪਰੰਤ ਹਜ਼ੂਰੀ ਜਥਾ ਸ਼ਬਦ ਕੀਰਤਨ ਕਰੇਗਾ ਅਤੇ ਸਾਰੀ ਸੇਵਾ ਹੋਵੇਗੀ।

**18.5.18 ਸ਼ੁਕਰਵਾਰ:-**

- **10.00 ਵਜ਼ੇ:-** ਸਾਧ ਸੰਗਤ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ 10.00 ਵਜ਼ੇ ਅਰੰਭ ਹੋਣਗੇ ਸਾਰੀ ਸੇਵਾ ਹੋਵੇਗੀ।
- **ਦੇਗਾਂ ਦੀਆਂ ਸੇਵਾਵਾਂ: -** ਸ੍ਰ ਸੁਰਜੀਤ ਸਿੰਘ ਸੇਖੋਂ, ਸ੍ਰ: ਸੁਰਜੀਤ ਸਿੰਘ ਸ਼ੇਰਗਿੱਲ ਤੇ ਬੀਬੀ ਗੁਰਦੀਪ ਕੌਰ ਸ਼ੇਰਗਿੱਲ, ਸ੍ਰ: ਅਵਤਾਰ ਸਿੰਘ ਤੇ ਬੀਬੀ ਕੁਲਵਿੰਦਰ ਕੌਰ ਪੁਰੇਵਾਲ, ਬੀਬੀ ਸੁਰਿੰਦਰ ਕੌਰ ਪੁਰੇਵਾਲ, ਸ੍ਰ: ਕਸ਼ਮੀਰ ਸਿੰਘ ਤੇ ਬੀਬੀ ਸੁਰਿੰਦਰ ਕੌਰ ਨਾਗਰਾ, ਸ੍ਰ: ਸੇਵਾ ਸਿੰਘ ਅੱਟਾ ਤੇ ਬੀਬੀ ਅਵਤਾਰ ਕੌਰ ਅੱਟਾ, ਬੀਬੀ ਅਮਰਜੀਤ ਕੌਰ ਸੰਧੂ ਤੇ ਸ੍ਰ: ਗੁਰਦੇਵ ਸਿੰਘ ਔਲਖ ਸ੍ਰ: ਰਣਜੀਤ ਸਿੰਘ ਬਾਸੀ, ਸ੍ਰ ਛਿੰਦਾ ਸਿੰਘ ਥਾਂਦੀ ਤੇ ਸਵ: ਨਿਰਮਲ ਸਿੰਘ ਪੁਰੇਵਾਲ ਦੇ ਪ੍ਰੀਵਾਰਾਂ ਵਲੋਂ ਹੋਣਗੀਆਂ।

**19.5.18 ਸ਼ਨਿਚਰਵਾਰ: -**

- **3.00 ਵਜੇ:-**ਬੀਬੀ ਕਿਰਨਜੀਤ ਕੌਰ ਸੰਘਾ ਅਤੇ ਪਰਿਵਾਰ ਵਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ।
- **4.00 ਵਜ਼ੇ:-** ਸ਼ਾਮ ਨੂੰ ਬੀਬੀਆਂ ਸਿਮਰਨ ਕਰਨਗੀਆਂ।

- **20.5.18 ਐਤਵਾਰ:-10.00 ਵਜ਼ੇ: -**ਸਾਧ ਸੰਗਤ ਵਲੋਂ ਰਖਾਏ ਹੋਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 10.00 ਵਜ਼ੇ ਪੈਣਗੇ ਅਤੇ ਸਾਰੀ ਸੇਵਾ ਹੋਵੇਗੀ, ਬਾਅਦ'ਚ ਹਜ਼ੂਰੀ ਜਥਾ ਕੀਰਤਨ ਕਰੇਗਾ ਉਪਰੰਤ Presentation on the prevention of suicide on the stage from 11.30 AM-12.45 PM
  - 23 ਮਈ ਪ੍ਰਕਾਸ਼ ਸ੍ਰੀ ਗੁਰੂ ਅਮਰਦਾਸ ਜੀ
  - 28 May Spring Bank Holiday

**Note: – Day & Time to book wedding in the Gurdwara Sahib: - Wednesday: 11.00 AM –1.00 PM, Saturday: 11.00AM --1.00 PM, Sunday: 1.00PM--2.00PM. Contact S. Sadhu Singh Chhokar (General Secretary) 01274- 727938, Mob:- 07931833376**

ਹਰਿ ਜੇਠਿ ਜੁੜੰਦਾ ਲੋੜੀਐ ਜਿਸੁ ਅਗੈ ਸਭਿ ਨਿਵੰਨਿ ॥ ਹਰਿ ਸਜਣ ਦਾਵਣਿ ਲਗਿਆ ਕਿਸੈ ਨ ਦੇਈ ਬੰਨਿ ॥ ਮਾਣਕ ਮੋਤੀ ਨਾਮੁ ਪ੍ਰਭ ਉਨ ਲਗੈ ਨਾਹੀ ਸੰਨਿ ॥ ਰੰਗ ਸਭੇ ਨਾਰਾਇਣੈ ਜੇਤੇ ਮਨਿ ਭਾਵੰਨਿ ॥ ਜੋ ਹਰਿ ਲੋੜੇ ਸੋ ਕਰੇ ਸੋਈ ਜੀਅ ਕਰੰਨਿ ॥ ਜੋ ਪ੍ਰਭਿ ਕੀਤੇ ਆਪਣੇ ਸੇਈ ਕਹੀਅਹਿ ਧੰਨਿ ॥ ਆਪਣ ਲੀਆ ਜੇ ਮਿਲੈ ਵਿਛੁੜਿ ਕਿਉ ਰੋਵੰਨਿ ॥ ਸਾਧੂ ਸੰਗੁ ਪਰਾਪਤੇ ਨਾਨਕ ਰੰਗ ਮਾਣੰਨਿ ॥ ਹਰਿ ਜੇਠੁ ਰੰਗੀਲਾ ਤਿਸੁ ਧਣੀ ਜਿਸ ਕੈ ਭਾਗੁ ਮਥੰਨਿ ॥੪॥ {ਪੰਨਾ 134}

ਪਦਅਰਥ:- ਜੇਠਿ—ਜੇਠ ਵਿਚ । ਹਰਿ ਜੁੜੰਦਾ ਲੋੜੀਐ—ਪ੍ਰਭੂ ਚਰਨਾਂ ਵਿਚ ਜੁੜਨਾ ਚਾਹੀਦਾ ਹੈ । ਸਭਿ—ਸਾਰੇ ਜੀਵ । ਨਿਵੰਨਿ—ਨਿਊਂਦੇ ਹਨ । ਸਜਣ ਦਾਵਣਿ—ਸੱਜਣ ਦੇ ਦਾਮਨ ਵਿਚ, ਪੱਲੇ ਵਿਚ । ਕਿਸੈ...ਬੰਨਿ—ਕਿਸੇ ਨੂੰ ਬੰਨ੍ਹਣ ਨਹੀਂ ਦੇਂਦਾ, ਕਿਸੇ ਜਮ ਆਦਿਕ ਨੂੰ ਆਗਿਆ ਨਹੀਂ ਦੇਂਦਾ ਕਿ ਉਸ ਜੀਵ ਨੂੰ ਬੰਨ੍ਹ ਕੇ ਅੱਗੇ ਲਾ ਲਏ । ਰੰਗ ਜੇਤੇ—ਜਿਤਨੇ ਭੀ ਰੰਗ ਹਨ । ਨਾਰਾਇਣੈ—ਪਰਮਾਤਮਾ ਦੇ । ਭਾਵੰਨਿ—ਪਿਆਰੇ ਲੱਗਦੇ ਹਨ । ਕਰੰਨਿ—ਕਰਦੇ ਹਨ । ਪ੍ਰਭਿ—ਪ੍ਰਭੂ ਨੇ । ਕਹੀਅਹਿ—ਕਹੇ ਜਾਂਦੇ ਹਨ । ਵਿੱਛੁੜਿ—ਪ੍ਰਭੂ ਤੋਂ ਵਿਛੁੜ ਕੇ । ਸਾਧੂ ਸੰਗੁ—ਗੁਰੂ ਦਾ ਸਾਥ । ਤਿਸੁ—ਉਸ (ਮਨੁੱਖ) ਨੂੰ । ਜਿਸ ਕੈ ਮਥੰਨਿ—ਜਿਸ ਦੇ ਮੱਥੇ ਉੱਤੇ ।

ਅਰਥ:- ਜਿਸ ਹਰੀ ਦੇ ਅੱਗੇ ਸਾਰੇ ਜੀਵ ਸਿਰ ਨਿਵਾਂਦੇ ਹਨ, ਜੇਠ ਦੇ ਮਹੀਨੇ ਵਿਚ ਉਸ ਦੇ ਚਰਨਾਂ ਵਿਚ ਜੁੜਨਾ ਚਾਹੀਦਾ ਹੈ । ਜੇ ਹਰੀ ਸੱਜਣ ਦੇ ਲੜ ਲੱਗੇ ਰਹੀਏ ਤਾਂ ਉਹ ਕਿਸੇ (ਜਮ ਆਦਿਕ) ਨੂੰ ਆਗਿਆ ਨਹੀਂ ਦੇਂਦਾ ਕਿ

ਬੰਨ੍ਹ ਕੇ ਅੱਗੇ ਲਾ ਲਏ (ਭਾਵ, ਪ੍ਰਭੂ ਦੇ ਲੜ ਲੱਗਿਆਂ ਜਮਾਂ ਦਾ ਡਰ ਨਹੀਂ ਰਹਿ ਜਾਂਦਾ) । (ਲੋਕ ਹੀਰੇ ਮੋਤੀ ਲਾਲ ਆਦਿਕ ਕੀਮਤੀ ਧਨ ਇਕੱਠਾ ਕਰਨ ਲਈ ਦੌੜ-ਭੱਜ ਕਰਦੇ ਹਨ, ਪਰ ਉਸ ਧਨ ਦੇ ਚੋਰੀ ਹੋ ਜਾਣ ਦਾ ਭੀ ਤੌਖ਼ਲਾ ਰਹਿੰਦਾ ਹੈ) ਪਰਮਾਤਮਾ ਦਾ ਨਾਮ ਹੀਰੇ ਮੋਤੀ ਆਦਿਕ ਐਸਾ ਕੀਮਤਿ ਧਨ ਹੈ ਕਿ ਉਹ ਚੁਰਾਇਆ ਨਹੀਂ ਜਾ ਸਕਦਾ । ਪਰਮਾਤਮਾ ਦੇ ਜਿਤਨੇ ਭੀ ਕੌਤਕ ਹੋ ਰਹੇ ਹਨ, (ਨਾਮ-ਧਨ ਦੀ ਬਰਕਤਿ ਨਾਲ) ਉਹ ਸਾਰੇ ਮਨ ਵਿਚ ਪਿਆਰੇ ਲੱਗਦੇ ਹਨ । (ਇਹ ਭੀ ਸਮਝ ਆ ਜਾਂਦੀ ਹੈ ਕਿ) ਪ੍ਰਭੂ ਆਪ ਤੇ ਉਸ ਦੇ ਪੈਦਾ ਕੀਤੇ ਜੀਵ ਉਹੀ ਕੁਝ ਕਰਦੇ ਹਨ ਜੋ ਉਸ ਪ੍ਰਭੂ ਨੂੰ ਚੰਗਾ ਲੱਗਦਾ ਹੈ ।

ਜਿਨ੍ਹਾਂ ਬੰਦਿਆਂ ਨੂੰ ਪ੍ਰਭੂ ਨੇ (ਆਪਣੀ ਸਿਫ਼ਤਿ-ਸਾਲਾਹ ਦੀ ਦਾਤਿ ਦੇ ਕੇ) ਆਪਣਾ ਬਣਾ ਲਿਆ ਹੈ, ਉਹਨਾਂ ਨੂੰ ਹੀ (ਜਗਤ ਵਿਚ) ਸ਼ਾਬਾਸ਼ੇ ਮਿਲਦੀ ਹੈ । (ਪਰ ਪਰਮਾਤਮਾ ਜੀਵਾਂ ਦੇ ਆਪਣੇ ਉੱਦਮ ਨਾਲ ਨਹੀਂ ਮਿਲ ਸਕਦਾ) ਜੇ ਜੀਵਾਂ ਦੇ ਆਪਣੇ ਉੱਦਮ ਨਾਲ ਮਿਲ ਸਕਦਾ ਹੋਵੇ, ਤਾਂ ਜੀਵ ਉਸ ਤੋਂ ਵਿੱਛੁੜ ਕੇ ਦੁਖੀ ਕਿਉਂ ਹੋਣ? ਹੇ ਨਾਨਕ! (ਪ੍ਰਭੂ ਦੇ ਮਿਲਾਪ ਦੇ) ਆਨੰਦ (ਉਹੀ ਬੰਦੇ) ਮਾਣਦੇ ਹਨ, ਜਿਨ੍ਹਾਂ ਨੂੰ ਗੁਰੂ ਦਾ ਸਾਥ ਮਿਲ ਜਾਏ । ਜਿਸ ਮਨੁੱਖ ਦੇ ਮੱਥੇ ਉੱਤੇ ਭਾਗ ਜਾਗੇ, ਉਸ ਨੂੰ ਜੇਠ ਮਹੀਨਾ ਸੁਹਾਵਣਾ ਲੱਗਦਾ ਹੈ, ਉਸੇ ਨੂੰ ਪ੍ਰਭੂ-ਮਾਲਕ ਮਿਲਦਾ ਹੈ ।4।

**Wednesday-Dastaar Sajauni class- from 5.15 PM -6.30 PM. Rehrass Sahib recited by children at 6.00 PM. Sikh Studies Classes for children age 5 up to GCSE level. Saturday-Sikh Studies Classes for children age 5 up to GCSE Level. From 4.00 PM-5.30 PM. Sunday- Children Paath classes up to Sukhmani Sahib First Group: 10.45 AM-11.30 AM. Second Group 11.30 AM-12.15 PM**

## Other activities:-

- **Every Monday, Wednesday & Thursday: Ladies keep fit class.**
- **Every Tuesday & Thursday Evening: 18.30 PM to 2030 PM Karate class.**
- **Wednesday and Friday: - sewing machine class from 13.00 PM to 15.00 PM.**
- **Wednesday evening: - 17.30 PM to 2030 PM Religious Services, Music & Kirtan class.**
- **Wednesday: Sikh history classes for 5-8 yrs, 8-12yrs, 12 + Gcse & Saturday, 4.00pm till 5.30pm, 5-8 yrs, 8-12 yrs, 12+Gcse.**
- **Elderly Day Centre: - 15.00 PM to 16.00 PM Every Monday to Thursday Men keep fit class.**
- **Every Friday Akhand Paath Shib start 10.00am.**
- **Sunday Crèche, Service, Wednesday & Sunday 6 till 7.30pm.**
- **Passport Surgery 2nd Sunday every month from 11.00 AM to 13.00 PM.**
- **Every Sunday youngsters Gurbani class11.15am till 11.45am.**
- **Dr. Vishali Surgery every month on Sunday from 9.30 AM- 12.30 PM**